2026/278120
1/10/2026
ਡੀ-1

**ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ) ਪੰਜਾਬ**
**ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਸਿੱਖਿਆ ਭਵਨ**
**ਚੌਥੀ ਮੰਜਿਲ, ਐਸ.ਏ.ਐਸ. ਨਗਰ**
**(ਸੈਕੰਡਰੀ ਸਿੱਖਿਆ ਸ਼ਾਖਾ)**

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ)
ਪੰਜਾਬ ।

ਮੀਮੋ ਨੰ 935767 ਸੈਸਿ (2)/2026278428
ਮਿਤੀ ਸ.ਅ.ਸ ਨਗਰ 1/10/2026

ਵਿਸ਼ਾ :- ਰਾਜ ਵਿੱਚ ਸੀਨੀਅਰ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਨੂੰ "ਦੁੱਧ ਅਤੇ ਦੁੱਧ ਪਦਾਰਥਾਂ ਦੀ ਮਹੱਤਤਾਂ" ਵਿਸ਼ੇ ਤੇ ਲੇਖ ਸਬੰਧੀ ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਪੱਤਰ ਪ੍ਰਾਪਤ ਹੋਇਆ ਹੈ (ਕਾਪੀ ਨੱਥੀਂ) ਦੀ ਕਾਪੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਰਾਜ ਦੇ ਸਮੂਹ ਸਰਕਾਰੀ ਸੀਨੀਅਰ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਨੂੰ ਇਸ ਲੇਖ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰੇਰਿਤ ਕਰਨ ਅਤੇ ਮੰਗੇ ਗਏ ਲੇਖ ਮਿਥੀ ਮਿਤੀ ਤੋ ਪਹਿਲਾਂ ਪਹਿਲਾਂ ਸਬੰਧਤ ਦਫਤਰ ਪੰਜਾਬ ਡੇਅਰੀ ਵਿਕਾਸ ਬੋਰਡ, ਐਸ.ਏ.ਐਸ ਨਗਰ ਨੂੰ ਭੇਜਣੇ ਯਕੀਨੀ ਬਣਾਏ ਜਾਣ ।

ਸਹਾਇਕ ਡਾਇਰੈਕਟਰ (ਸੈਸਿ)

ਪਿੱਠ ਅੰਕਣ ਨੰਬਰ ਉਕਤ ਮਿਤੀ ਸ.ਅ.ਸ. ਨਗਰ

ਉਪੋਰਕਤ ਦਾ ਉਤਾਰਾ ਪੰਜਾਬ ਡੇਅਰੀ ਵਿਕਾਸ ਬੋਰਡ, ਲਾਈਵਸਟਾਕ ਕੰਪਲੈਕਸ, ਚੌਥੀ ਮੰਜਿਲ, ਨੇੜੇ ਆਰਮੀ ਇੰਸਟੀਚਿਊਟ ਆਫ ਲਾਅ, ਸੈਕਟਰ-68, ਐਸ.ਏ.ਐਸ.ਨਗਰ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ।

ਸਹਾਇਕ ਡਾਇਰੈਕਟਰ (ਸੈਸਿ)

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)ਬਠਿੰਡਾ**

ਪਿਠ ਅੰਕਣ ਨੰ ਜੀ-1/1 ( )2026/ 5072 ਮਿਤੀ : 01-10-26

ਉਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ ,ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਅਨੁਸਾਰ ਵਿਦਿਆਰਥੀਆਂ ਦੇ ਲੇਖ ਮੁਕਾਬਲੇ ਕਰਵਾਉਣ ਉਪਰੰਤ ਲੇਖ ਮੁਕਾਬਲਿਆਂ ਦੀ ਹਾਰਡ ਕਾਪੀਆਂ ਇਸ ਦਫਤਰ 16-10-26 ਤੱਕ ਇਸ ਦਫਤਰ ਵਿਖੇ ਜਮ੍ਹਾਂ ਕਰਵਾ ਦਿੱਤੀਆਂ ਜਾਣ । ਇਸ ਦੀ ਨਿਰੋਲ ਜਿੰਮੇਵਾਰੀ ਸਬੰਧਤ ਸਕੂਲ ਮੁਖੀ ਦੀ ਹੋਵੇਗੀ ।

ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)
ਬਠਿੰਡਾ

PUNJAB DAIRY DEVELOPMENT BOARD
PDDB
ਪੰਜਾਬ ਡੇਅਰੀ ਵਿਕਾਸ ਬੋਰਡ

# Punjab Dairy Development Board

ਪੰਜਾਬ ਡੇਅਰੀ ਵਿਕਾਸ ਬੋਰਡ
ਲਾਈਵਸਟਾਕ ਕੰਪਲੈਕਸ, ਚੌਥੀ ਮੰਜਿਲ, ਨੇੜੇ ਆਰਮੀ ਇੰਸਟੀਚਿਊਟ ਆਫ ਲਾਅ
ਸੈਕਟਰ-68, ਐਸ.ਏ.ਐਸ ਨਗਰ, ਫੋਨ ਨੰ. 0172-5027285, 2217020,
Email id: dir.dairy@punjab.gov.in,

ਸੇਵਾ ਵਿਖੇ,

ਡੀ.ਪੀ.ਆਈ.(ਸੈਕੰਡਰੀ),
ਪੰਜਾਬ ਸਕੂਲ ਸਿਖਿਆ ਬੋਰਡ,
ਸੈਕਟਰ 62, ਐਸ.ਏ.ਐਸ. ਨਗਰ।

ਨੰ.ਪੀ.ਡੀ.ਡੀ.ਬੀ/ਪੀ-4/2026/7629 ਮਿਤੀ: 28/9/26

ਵਿਸ਼ਾ:- ਰਾਜ ਵਿੱਚ ਸੀਨੀਅਰ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਨੂੰ "ਦੁੱਧ ਅਤੇ ਦੁੱਧ ਪਦਾਰਥਾਂ ਦੀ ਮਹੱਤਤਾ" ਵਿਸ਼ੇ ਤੇ ਲੇਖ ਸਬੰਧੀ।

ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਹਰ ਸਾਲ ਦੀ ਤਰ੍ਹਾਂ ਰਾਜ ਵਿੱਚ ਸੀਨੀਅਰ ਸੈਕੰਡਰੀ ਸਕੂਲਾਂ ਦੀਆਂ ਜਮਾਤਾਂ ਦੇ ਵਿਦਿਆਰਥੀਆਂ ਲਈ ਦੁੱਧ ਦੀ ਮਹੱਤਤਾ ਸਬੰਧੀ ਲੇਖ ਮੁਕਾਬਲਾ ਕਰਵਾਇਆ ਜਾ ਰਿਹਾ ਹੈ।ਜਿਸ ਦਾ ਮੁੱਖ ਮੰਤਵ ਇਸ ਵਰਗ ਦੇ ਬੱਚਿਆਂ ਨੂੰ ਦੁੱਧ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਅਤੇ ਨਰੋਈ ਸਿਹਤ ਪ੍ਰਤੀ ਚੇਤਨ ਕਰਨਾ ਹੈ। ਇਸ ਨਾਲ ਬੱਚਿਆਂ ਦੀ ਲਿਖਣ ਕਲਾ ਵਿੱਚ ਨਿਖਾਰ ਆਉਂਦਾ ਹੈ ਅਤੇ ਮਨੁੱਖੀ ਸਿਹਤ ਲਈ ਦੁੱਧ ਦੀ ਮਹੱਤਤਾ ਬਾਰੇ ਜਾਗਰੂਕਤਾ ਮਿਲਦੀ ਹੈ। ਇਸ ਸਾਲ ਦੇ ਲੇਖ ਦਾ ਵਿਸ਼ਾ **"ਦੁੱਧ ਅਤੇ ਦੁੱਧ ਪਦਾਰਥਾਂ ਦੀ ਮਹੱਤਤਾ "** ਰੱਖਿਆ ਗਿਆ ਹੈ। ਇਹ ਲੇਖ ਪੰਜਾਬੀ/ ਅੰਗਰੇਜੀ ਭਾਸ਼ਾ ਵਿੱਚ ਹੋ ਸਕਦੇ ਹਨ। ਲੇਖ ਵੱਧ ਤੋਂ ਵੱਧ 250 ਸ਼ਬਦਾਂ ਤੱਕ ਸੀਮਤ ਹੋਣਾ ਚਾਹੀਦਾ ਹੈ।ਵਿਦਿਆਰਥੀਆਂ ਵੱਲੋਂ ਲਿਖੇ ਲੇਖ ਸਬੰਧਤ ਸਕੂਲ ਦੇ ਪ੍ਰਿੰਸੀਪਲ ਵੱਲੋਂ ਇਸ ਗੱਲ ਲਈ ਤਸਦੀਕ ਕੀਤੇ ਜਾਣਗੇ ਕਿ ਇਹ ਵਿਦਿਆਰਥੀ ਦੀ ਆਪਣੀ ਮੌਲਿਕ ਰਚਨਾ ਹੈ। ਅਜਿਹੇ ਲੇਖ ਇਸ ਦਫਤਰ ਵਿੱਚ ਪਹੁੰਚਣ ਦੀ ਆਖਰੀ ਮਿਤੀ 22-10-2026 ਰੱਖੀ ਗਈ ਹੈ। ਮਿੱਥੀ ਮਿਤੀ ਤੱਕ ਪ੍ਰਾਪਤ ਲੇਖਾਂ ਦਾ ਮੁਲਾਂਕਣ ਵਿਸ਼ਾ ਮਾਹਰਾਂ ਵੱਲੋਂ ਕੀਤਾ ਜਾਵੇਗਾ। ਜ਼ਿਲ੍ਹੇ ਦੇ ਪਹਿਲੇ ਤਿੰਨ ਸਥਾਨਾਂ ਦੇ ਜੇਤੂਆਂ ਨੂੰ ਇੱਕ ਰਾਜ ਪੱਧਰੀ ਸਮਾਗਮ ਵਿੱਚ ਸਨਮਾਨਿਤ ਕੀਤਾ ਜਾਵੇਗਾ।ਇਹ ਸਮਾਗਮ 26 ਨਵੰਬਰ 2026 ਨੂੰ (ਨੈਸ਼ਨਲ ਮਿਲਕ ਡੇ) ਸਿਲਵਰ ਜੁਬਲੀ ਔਡੀਟੋਰੀਅਮ, ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ,ਜ਼ਿਲ੍ਹਾ ਲੁਧਿਆਣਾ ਵਿੱਚ ਆਯੋਜਿਤ ਕੀਤਾ ਜਾਵੇਗਾ।

ਆਪ ਜੀ ਨੂੰ ਬੇਨਤੀ ਹੈ ਕਿ ਰਾਜ ਦੇ ਸਾਰੇ ਸੀਨੀਅਰ ਸੈਕੰਡਰੀ ਸਕੂਲਾਂ ਨੂੰ ਸੂਚਿਤ ਕਰਨ ਅਤੇ ਸੀਨੀਅਰ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਨੂੰ ਇਸ ਲੇਖ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰੇਰਿਤ ਕਰਨ ਹਿੱਤ ਅਧੀਨ ਜ਼ਿਲ੍ਹਾ ਦਫਤਰਾਂ ਨੂੰ ਯੋਗ ਨਿਰਦੇਸ਼ ਦੇਣ ਦੀ ਖੇਚਲ ਕੀਤੀ ਜਾਵੇ ਜੀ।

ਵਧੀਕ ਮੁੱਖ ਕਾਰਜਕਾਰੀ ਅਫਸਰ

ਪਿੱਠ ਅੰਕਣ ਨੰ: ਪੀ.ਡੀ.ਡੀ.ਬੀ/ਪੀ-4/2026/ ਮਿਤੀ:

ਉਪਰੋਕਤ ਦਾ ਉਤਾਰਾ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ, ਮੋਹਾਲੀ ਜੀ ਨੂੰ ਸੂਚਨਾਂ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਵਧੀਕ ਮੁੱਖ ਕਾਰਜਕਾਰੀ ਅਫਸਰ